# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-07-2024**

- ਸਰਵਉੱਚ ਅਦਾਲਤ ਵਿਚ, NEET-UG ਨਾਲ ਜੁੜੀਆਂ ਕਈ ਪਟੀਸ਼ਨਾਂ 'ਤੇ ਸੁਣਵਾਈ ਭਲਕੇ ਹੋਵੇਗੀ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਸੂਬੇ ਵਿਚ ਅਮਨ ਕਾਨੂੰਨ ਦੀ ਸਥਿਤੀ 'ਤੇ ਚਿੰਤਾ ਜ਼ਾਹਰ ਕੀਤੀ ਏ ।
- ਆਸਵੰਦ ਜ਼ਿਲਾ ਪ੍ਰੋਗਰਾਮ ਤਹਿਤ, ਮੋਗਾ ਵਿਖੇ, ਪੰਜਾਬ ਦੀ ਪਹਿਲੀ ਪਲਾਂਟ ਕਲੀਨਿਕ ਤੇ ਮਿੱਟੀ ਪਰਖ ਪ੍ਰਯੋਗਸ਼ਾਲਾ ਦੀ ਸਥਾਪਨਾ ।
- ਭਾਰਤੀ ਖੁਰਾਕ ਸੁਰੱਖਿਆ ਤੇ ਮਿਆਰ ਅਥਾਰਟੀ ਨੇ, ਖੰਡ, ਨਮਕ ਅਤੇ ਚਰਬੀ ਬਾਰੇ ਪੋਸ਼ਣ ਸੰਬੰਧੀ ਜਾਣਕਾਰੀ ਨੂੰ ਮੋਟੇ ਅੱਖਰਾਂ ਵਿੱਚ ਦਰਸਾਉਣ ਅਤੇ ਲੇਬਲਾਂ 'ਤੇ, ਅੱਖਰਾਂ ਦਾ ਆਕਾਰ ਵਧਾਉਣ ਦੀ ਤਜਵੀਜ਼ ਨੂੰ ਮਨਜ਼ੂਰੀ ਦੇ ਦਿੱਤੀ ਏ ।

---

ਸਰਵਉੱਚ ਅਦਾਲਤ ਵਿਚ, NEET-UG ਨਾਲ ਜੁੜੀਆਂ ਕਈ ਪਟੀਸ਼ਨਾਂ 'ਤੇ ਭਲਕੇ ਸੁਣਵਾਈ ਹੋਵੇਗੀ। ਇਨ੍ਹਾਂ ਵਿੱਚ ਨਵੇਂ ਸਿਰਿਓਂ ਪ੍ਰੀਖਿਆਵਾਂ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ ਵੀ ਸ਼ਾਮਲ ਨੇ। ਚੀਫ਼ ਜਸਟਿਸ ਡੀ.ਵਾਈ.ਚੰਦਰਚੂੜ ਅਤੇ ਜਸਟਿਸ ਜੇ.ਬੀ. ਜਸਟਿਸ ਪਾਰ-ਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਅੱਗੇ 26 ਪਟੀਸ਼ਨਾਂ ਸੁਣਵਾਈ ਲਈ ਸੂਚੀਬੱਧ ਨੇ। ਵਿਦਿਆਰਥੀਆਂ ਨੇ ਆਪਣੀਆਂ ਪਟੀਸ਼ਨਾਂ 'ਚ, NEET ਪ੍ਰੀਖਿਆ ਵਿੱਚ ਕਥਿਤ ਬੇਨਿਯਮੀਆਂ ਦੀ ਵੱਖਰੀ ਅਤੇ ਆਜ਼ਾਦ ਜਾਂਚ ਦੀ ਮੰਗ ਕੀਤੀ ਏ। ਵਧਦੇ NEET ਵਿਵਾਦ ਦਰਮਿਆਨ, ਕੇਂਦਰ ਨੇ ਸਰਵਉੱਚ ਅਦਾਲਤ ਵਿਚ ਹਲਫਨਾਮਾ ਦਾਇਰ ਕੀਤਾ ਏ। ਕੇਂਦਰ ਨੇ ਕਿਹਾ ਏ ਕਿ ਪ੍ਰੀਖਿਆ 'ਚ ਵੱਡੇ ਪੱਧਰ 'ਤੇ ਬੇਨਿਯਮੀਆਂ ਦਾ ਕੋਈ ਸਬੂਤ ਨਾ ਮਿਲਣ 'ਤੇ, NEET ਪ੍ਰੀਖਿਆ ਦੁਬਾਰਾ ਕਰਵਾਉਣ ਦੀ ਕੋਈ ਲੋੜ ਨਹੀਂ ਏ। ਕੇਂਦਰ ਨੇ ਇਹ ਵੀ ਦਲੀਲ ਦਿੱਤੀ ਏ ਕਿ ਨਵੀਂ ਪ੍ਰੀਖਿਆ ਨਾਲ ਲੱਖਾਂ ਅਸਲ ਉਮੀਦਵਾਰਾਂ ਦੀ ਜ਼ਿੰਦਗੀ 'ਤੇ ਮਾੜਾ ਅਸਰ ਪਵੇਗਾ।

---------------------------------------------------

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਸੂਬੇ ਵਿਚ ਅਮਨ ਕਾਨੂੰਨ ਦੀ ਸਥਿਤੀ 'ਤੇ ਚਿੰਤਾ ਜ਼ਾਹਰ ਕੀਤੀ ਏ। ਉਹ ਲੁਧਿਆਣਾ ਦੇ

ਹਸਪਤਾਲ ਵਿੱਚ ਜ਼ੇਰੇ ਇਲਾਜ ਸ਼ਿਵ ਸੈਨਾ ਆਗੂ ਦਾ ਹਾਲ-ਚਾਲ ਜਾਨਣ ਪਹੁੰਚੇ ਹੋਏ ਸਨ । ਸਰਕਟ ਹਾਊਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਨਵਾਰੀ ਲਾਲ ਪੁਰੋਹਿਤ ਨੇ ਕਿਹਾ ਕਿ ਪੁਲੀਸ ਵੱਲੋਂ ਇਸ ਮਾਮਲੇ ਵਿੱਚ ਮੁਲਜ਼ਮਾਂ ਖ਼ਿਲਾਫ਼ ਕੀਤੀ ਗਈ ਕਾਰਵਾਈ ਸ਼ਲਾਘਾਯੋਗ ਏ, ਅਤੇ ਦੋਸ਼ੀਆਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ ਏ । ਉਨ੍ਹਾਂ ਸ਼ਿਵ ਸੈਨਾ ਆਗੂ ਦਾ ਇਲਾਜ ਕਰ ਰਹੇ ਡਾਕਟਰਾਂ ਨਾਲ ਵੀ ਗੱਲਬਾਤ ਕੀਤੀ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ । ਉਨ੍ਹਾਂ ਕਿਹਾ ਕਿ ਸ਼ਿਵ ਸੈਨਾ ਆਗੂ 'ਤੇ ਹਮਲੇ ਦੇ ਮਾਮਲੇ ਬਾਰੇ ਜਾਂਚ ਦੀ ਉਹ, ਖੁਦ ਨਿਗਰਾਨੀ ਕਰਨਗੇ ।

---

ਉੱਤਰ ਪ੍ਰਦੇਸ਼ ਦੇ ਸੁਲਤਾਨਪੁਰ ਜ਼ਿਲੇ ਦੇ ਇਕ ਪਿੰਡ ਦੇ ਵਸਨੀਕ ਆਸ਼ੂਤੋਸ਼ ਪਾਂਡੇ ਇੰਨੀ ਦਿਨੀਂ 16 ਹਜ਼ਾਰ ਕਿਲੋ-ਮੀਟਰ ਦੀ ਵੰਦੇ ਭਾਰਤ ਪੈਦਲ ਯਾਤਰਾ ਤੇ ਨਿਕਲੇ ਹੋਏ ਨੇ । ਇਸ ਦਾ ਮਕਸਦ ਵਾਤਾਵਰਨ ਬਾਰੇ ਜਾਗਰੂਕਤਾ ਲਿਆਉਣਾ ਖਾਸ ਤੌਰ ਤੇ ਨੌਜਵਾਨ ਪੀੜੀ ਨੂੰ ਜਾਗਰੂਕ ਕਰਨਾ ਅਤੇ ਸਿੱਖਿਆ ਪ੍ਰਣਾਲੀ ਵਿਚ ਸੁਧਾਰ ਲਿਆਉਣਾ ਏ ।

ਆਸ਼ੂਤੋਸ਼ ਪਾਂਡੇ ਨੇ ਅਯੁੱਧਿਆ ਵਿਚ 2025 ਤਕ ਆਪਣੀ ਇਸ ਪੈਦਲ ਯਾਤਰਾ ਨੂੰ ਪੂਰਾ ਕਰਨ ਦਾ ਟੀਚਾ ਰੱਖਿਆ ਹੋਇਆ ਏ।

-----------------------------------------------------

ਪੰਜਾਬ ਸਰਕਾਰ ਦੇ ਵਿਸ਼ੇਸ਼ ਉਪਰਾਲਿਆਂ ਨਾਲ, ਨੀਤੀ ਆਯੋਗ ਵੱਲੋਂ ਮਿਲੀ ਗਰਾਂਟ ਦੇ ਨਾਲ, ਮੋਗਾ ਵਿਖੇ ਪੰਜਾਬ ਦਾ ਪਹਿਲਾ ਪਲਾਂਟ ਕਲੀਨਿਕ ਤੇ  ਮਿੱਟੀ ਪਰਖ ਪ੍ਰਯੋਗਸ਼ਾਲਾ ਸਥਾਪਿਤ ਕੀਤੀ ਗਈ ਏ। ਡਿਪਟੀ ਕਮਿਸ਼ਨਰ  ਕੁਲਵੰਤ ਸਿੰਘ ਨੇ ਦੱਸਿਆ ਕਿ, ਆਸਵੰਦ ਜ਼ਿਲਾ ਪ੍ਰੋਗਰਾਮ ਤਹਿਤ  ਇਹ ਪ੍ਰੋਜੈਕਟ ਇਕ  ਕਰੋੜ 25 ਲੱਖ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਏ। ਇਸ ਪਲਾਂਟ ਕਲੀਨਿਕ ਦਾ ਉਦਘਾਟਨ ਖੇਤੀਬਾੜੀ ਅਤੇ ਕਿਸਾਨ ਭਲਾਈ  ਮੰਤਰੀ ਗੁਰਮੀਤ ਸਿੰਘ ਖੁੱਡੀਆਂ 8 ਜੁਲਾਈ ਨੂੰ ਦੁੱਨੇਕੇ ਵਿਖੇ ਕਰਨਗੇ। ਇਸ ਪਲਾਂਟ ਕਲੀਨਿਕ ਵਿੱਚ, ਅਮਰੀਕਾ ਦੀ ਬਣੀ ਹੋਈ (ICP-OES) ਮਸ਼ੀਨ ਸਥਾਪਿਤ ਕੀਤੀ ਗਈ ਏ। ਇਹ ਆਧੁਨਿਕ ਮਸ਼ੀਨ ਜ਼ਮੀਨ ਵਿੱਚ ਮੌਜੂਦ ਸਾਰੇ ਤੱਤਾਂ ਦਾ ਅਧਿਐਨ ਕਰਨ ਦੀ ਸਮਰੱਥਾ ਰੱਖਦੀ ਏ। ਜ਼ਮੀਨੀ ਤੱਤਾਂ ਤੋਂ ਇਲਾਵਾ ਜ਼ਮੀਨ ਦੀ ਗੁਣਵੱਤਾ ਦੀ ਰਿਪੋਰਟ ਵੀ ਦੇਵੇਗੀ, ਜਿਸ ਨਾਲ ਬੇਲੋੜੀਆਂ ਖਾਦਾਂ, ਸਪਰੇਆਂ ਦੀ ਵਰਤੋਂ ਕਰਨ ਤੋਂ ਬਚਿਆ ਜਾ ਸਕੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਪ੍ਰੋਜੈਕਟ, ਕੇਂਦਰ ਸਰਕਾਰ ਵੱਲੋਂ ਨੀਤੀ

ਆਯੋਗ ਰਾਹੀਂ ਪ੍ਰਾਪਤ ਰਾਸ਼ੀ ਤੋਂ ਕਿਸਾਨਾਂ ਦੀ ਸਹੂਲਤ ਲਈ ਮੋਗਾ ਜ਼ਿਲ੍ਹੇ ਨੂੰ ਪੁਰਸਕਾਰ ਵਜੋਂ ਦਿੱਤਾ ਗਿਆ ਏ । ਮੁੱਖ ਖੇਤੀਬਾੜੀ ਅਫ਼ਸਰ ਜਸਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਇਸ ਪ੍ਰਯੋਗਸ਼ਾਲਾ ਵਿੱਚ ਇਕ ਘੰਟੇ ਵਿੱਚ 30 ਤੋਂ ਵੱਧ ਮਿੱਟੀ ਦੇ ਨਮੂਨੇ ਪਰਖ ਕੀਤੇ ਜਾ ਸਕਣਗੇ ਅਤੇ ਕਿਸਾਨ ਆਪਣੇ ਖੇਤਾਂ ਵਿਚੋਂ ਫਸਲਾਂ ਦੇ ਬਿਮਾਰ ਬੂਟਿਆਂ ਨੂੰ ਜੜ੍ਹੋਂ ਪੁੱਟ ਕੇ, ਇਸ ਕਲੀਨਿਕ ਵਿੱਚ ਅਧਿਐਨ ਲਈ ਲਿਆ ਸਕਦੇ ਨੇ ।

-------------------------------------------------------

ਨੀਤੀ ਆਯੋਗ ਵੱਲੋਂ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸੰਪੂਰਨਤਾ ਅਭਿਆਨ ਚਲਾਇਆ ਜਾ ਰਿਹਾ ਏ । ਇਸੇ ਲੜੀ ਵਿਚ ਕਪੂਰਥਲਾ ਜ਼ਿਲੇ ਦੇ ਬਲਾਕ ਢਿਲਵਾਂ ਵਿਖੇ ਇਸ ਸੰਪੂਰਨਤਾ ਅਭਿਆਨ ਦੀ ਸ਼ੁਰੂਆਤ ਕਲ ਕੀਤੀ ਗਈ । D.D.P.O ਜੀਨਤ ਖ਼ੈਰਾ ਬੀ.ਡੀ.ਓ ਪਰਮਜੀਤ ਕੌਰ,ਅਤੇ ਹੋਰ ਅਧਿਕਾਰੀ ਵੀ ਇਸ ਮੌਕੇ ਮੌਜੂਦ ਰਹੇ । ਸਮਾਗਮ ਦੌਰਾਨ ਢਿਲਵਾਂ ਬਲਾਕ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਤੋਂ, ਬਲਾਕ ਟੈਕਨਾਲੋਜੀ ਮੈਨੇਜਰ ਸਿਮਰਜੀਤ ਸਿੰਘ ਨੇ ਦੱਸਿਆ ਕਿ ਨੀਤੀ ਆਯੋਗ ਵਲੋਂ ਅਗਲੇ ਤਿੰਨ ਮਹੀਨਿਆਂ ਦੌਰਾਨ ਮਿੱਟੀ ਪਰਖ ਦੇ ਅਧਾਰ 'ਤੇ

ਖਾਦਾਂ ਦੀ ਵਰਤੋਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ । ਓਧਰ ਹਰਬਲ ਉਤਪਾਦ ਤਿਆਰ ਕਰਨ ਵਾਲੇ ਸਵੈ ਸਹਾਇਤਾ ਸਮੂਹ ਦੀ ਮੈਂਬਰ ਦਾ ਮੰਨਣਾ ਏ, ਕਿ ਇਹ ਰੋਜ਼ਗਾਰ ਦਾ ਚੰਗਾ ਜ਼ਰੀਆ ਏ। ਇਸ ਮੌਕੇ ਸਿਹਤ ਵਿਭਾਗ ਵਲੋ ਸਿਹਤ ਕੈਂਪ , ਖੇਤਾਂ ਦੀ ਮਿੱਟੀ ਪਰਖ ਕਰਨ ਬਾਰੇ ਕੈਂਪ, ਸਿੱਖਿਆ ਵਿਭਾਗ ਵਲੋ ਵਖ ਵਖ ਗਤੀਵਿਧੀਆਂ ਦੀ ਪ੍ਰਦਰਸ਼ਨੀ, ਅਤੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਯੋਜਨਾ ਦੇ ਢਿਲਵਾਂ ਬਲਾਕ ਵਲੋਂ ਸਵੈ ਸਹਾਇਤਾ ਸਮੂਹ ਦੇ ਮੈਂਬਰ ਵਲੋਂ ਹੱਥ ਨਾਲ ਤਿਆਰ ਕੀਤੇ ਸਾਮਾਨ ਦੇ ਸਟਾਲ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸਤੋਂ ਇਲਾਵਾ ਬੱਚਿਆ ਦੇ ਪੋਸਟਰ ਬਣਾਉਣ ਬਾਰੇ ਮੁਕਾਬਲੇ ਕਰਵਾਏ ਗਏ ਅਤੇ ਲੋਕਾਂ ਨੂੰ ਸੰਪੂਰਨ ਅਭਿਆਨ ਬਾਰੇ ਜਾਣਕਾਰੀ ਦੇਣ ਲਈ ਨੁੱਕੜ ਨਾਟਾਕ ਵੀ ਕਰਵਾਇਆ ਗਿਆ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਭਗਵਾਨ ਜਗਨਨਾਥ ਦੀ ਪਵਿੱਤਰ ਰੱਥ ਯਾਤਰਾ ਦੀ ਸ਼ੁਰੂਆਤ 'ਤੇ, ਸਾਰੇ ਦੇਸ਼ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਗਵਾਨ ਜਗਨਨਾਥ ਅੱਗੇ

ਸਾਰਿਆਂ ਦੀ ਖੁਸ਼ੀ, ਸ਼ਾਂਤੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ-ਰਾਸ਼ਟਰਪਤੀ ਧਨਖੜ ਨੇ ਕਿਹਾ, ਸ਼੍ਰੀ ਜਗਨਨਾਥ ਰਥ ਯਾਤਰਾ ਦਾ ਡੂੰਘਾ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ ਏ ਤੇ ਇਹ ਯਾਤਰਾ ਪ੍ਰਾਚੀਨ ਭਾਰਤੀ ਰਵਾਇਤਾਂ ਨਾਲ ਜੁੜੀ ਹੋਈ ਏ, ਜੋ ਸ਼ਰਧਾ, ਏਕਤਾ ਅਤੇ ਅਮੀਰ ਵਿਰਸੇ ਨੂੰ ਦਰਸਾਉਂਦੀ ਏ। ਉਪ-ਰਾਸ਼ਟਰਪਤੀ ਨੇ ਪ੍ਰਾਰਥਨਾ ਕੀਤੀ ਕਿ ਭਗਵਾਨ ਜਗਨਨਾਥ ਦੀ ਇਲਾਹੀ ਯਾਤਰਾ ਲੋਕਾਂ ਦੇ ਜੀਵਨ ਵਿੱਚ ਸਿਹਤ, ਖੁਸ਼ਹਾਲੀ ਅਤੇ ਅਧਿਆਤਮਿਕ ਪੂਰਤੀ ਲੈ ਕੇ ਆਵੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਭਗਵਾਨ ਜਗਨਨਾਥ ਨੂੰ ਨਮਨ ਕਰਦਿਆਂ, ਭਗਵਾਨ ਜਗਨਨਾਥ ਦਾ ਆਸ਼ੀਰਵਾਦ ਦੇਸ਼ 'ਤੇ ਨਿਰੰਤਰ ਬਣੇ ਰਹਿਣ ਦੀ ਕਾਮਨਾ ਕੀਤੀ।

----------------------------------------------------------------

ਭਾਰਤੀ ਖੁਰਾਕ ਸੁਰੱਖਿਆ ਤੇ ਮਿਆਰ ਅਥਾਰਟੀ ਨੇ, ਖੰਡ, ਨਮਕ ਅਤੇ ਸੰਤ੍ਰਿਪਤ ਚਰਬੀ ਬਾਰੇ ਪੋਸ਼ਣ ਸੰਬੰਧੀ ਜਾਣਕਾਰੀ ਨੂੰ ਮੋਟੇ ਅੱਖਰਾਂ ਵਿੱਚ ਦਰਸਾਉਣ ਅਤੇ ਪੈਕ ਕੀਤੇ ਭੋਜਨ ਪਦਾਰਥਾਂ ਦੇ ਲੇਬਲਾਂ 'ਤੇ, ਅੱਖਰਾਂ ਦਾ ਆਕਾਰ ਵਧਾਉਣ ਦੀ ਤਜਵੀਜ਼ ਨੂੰ ਮਨਜ਼ੂਰੀ ਦੇ ਦਿੱਤੀ ਏ। ਇਹ ਫੈਸਲਾ ਖੁਰਾਕ ਸੁਰੱਖਿਆ ਅਥਾਰਟੀ ਦੀ ਕੱਲ੍ਹ ਹੋਈ 44ਵੀਂ ਮੀਟਿੰਗ

ਵਿੱਚ ਲਿਆ ਗਿਆ। ਮੀਟਿੰਗ ਦੀ ਪ੍ਰਧਾਨਗੀ ਅਥਾਰਟੀ ਦੇ ਚੇਅਰਮੈਨ ਅਪੂਰਵ ਚੰਦਰਾ ਨੇ ਕੀਤੀ। ਸਿਹਤ ਮੰਤਰਾਲੇ ਨੇ ਕਿਹਾ ਕਿ ਇਸ ਫੈਸਲੇ ਦਾ ਉਦੇਸ਼, ਖਪਤਕਾਰਾਂ ਨੂੰ ਪੌਸ਼ਟਿਕ ਤੱਤਾਂ ਬਾਰੇ ਸਹੀ ਜਾਣਕਾਰੀ ਪ੍ਰਦਾਨ ਕਰਨਾ ਏ ਤਾਂ ਜੋ ਉਹ ਆਪਣੀ ਸਿਹਤ ਦੇ ਹਿੱਤ ਵਿੱਚ ਫੈਸਲੇ ਲੈ ਸਕਣ। ਇਹ ਜਾਣਕਾਰੀ ਹਰ ਪੈਕੇਟ 'ਤੇ ਵੱਡੇ ਅੱਖਰਾਂ 'ਚ ਦੇਣੀ ਹੋਵੇਗੀ। ਮੰਤਰਾਲੇ ਨੇ ਇਹ ਵੀ ਕਿਹਾ ਕਿ ਨੋਟੀਫਿਕੇਸ਼ਨ ਦਾ ਖਰੜਾ ਜਨਤਕ ਕੀਤਾ ਜਾਵੇਗਾ, ਤਾਂ ਜੋ ਇਸ 'ਤੇ ਸੁਝਾਅ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾ ਸਕਣ।

---------------------------------------------------------------

ਪੰਜਾਬ ਵਿਚ ਬਦਲੇ ਮੌਸਮ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿੱਤੀ ਏ। ਏਧਰ ਮੌਸਮ ਵਿਭਾਗ ਨੇ ਸੂਬੇ ’ਚ, ਯੈਲੋ ਅਲਰਟ ਜਾਰੀ ਕਰਦਿਆਂ, ਭਾਰੀ ਮੀਂਹ ਪੈਣ ਦੀ ਭਵਿੱਖਵਾਣੀ ਕੀਤੀ ਏ।